ਪ੍ਰਭਾਤੀ ਮਹਲਾ ੫ ॥ ਗੁਰੁ ਪੂਰਾ ਪੂਰੀ ਤਾ ਕੀ ਕਲਾ ॥ ਗੁਰ ਕਾ ਸਬਦੁ ਸਦਾ ਸਦ ਅਟਲਾ ॥ ਗੁਰ ਕੀ ਬਾਣੀ ਜਿਸੁ ਮਨਿ ਵਸੈ ॥ ਦੂਖੁ ਦਰਦੁ ਸਭੁ ਤਾ ਕਾ ਨਸੈ ॥੧॥ ਹਰਿ ਰੰਗਿ ਰਾਤਾ ਮਨੁ ਰਾਮ ਗੁਨ ਗਾਵੈ ॥ ਮੁਕਤੌ ਸਾਧੂ ਧੂਰੀ ਨਾਵੈ ॥ ੧॥ ਰਹਾਉ ॥ ਗੁਰ ਪਰਸਾਦੀ ਉਤਰੇ ਪਾਰਿ ॥ ਭਉ ਭ ਰਮੁ ਬਿਨਸੇ ਬਿਕਾਰ ॥ ਮਨ ਤਨ ਅੰਤਰਿ ਬਸੇ ਗੁਰ ਚਰਨਾ ॥ ਨਿਰਭੈ ਸਾਧ ਪਰੇ ਹਰਿ ਸਰਨਾ ॥ ੨॥ ਅਨਦ ਸਹਜ ਰਸ ਸੂਖ ਘਨੇਰੇ ॥ ਦੁਸਮਨੁ ਦੂਖੁ ਨ ਆਵੈ ਨੇਰੇ ॥ ਗੁਰਿ ਪੂਰੈ ਅਪੁਨੇ ਕਰਿ ਰਾਖੇ ॥ ਹਰਿ ਨਾਮੁ ਜਪਤ ਕਿਲਬਿਖ ਸਭਿ ਲਾਥੇ ॥੩॥ ਸੰਤ ਸਾਜਨ ਸਿਖ ਭਏ ਸੁਹੇਲੇ ॥ ਗੁਰਿ ਪੂਰੈ ਪ੍ਰਭ ਸਿਉ ਲੈ ਮੇਲੇ ॥ ਜਨਮ ਮਰਨ ਦੁਖ ਫਾਹਾ ਕਾਟਿਆ ॥ ਕਹੁ ਨਾਨਕ ਗੁਰਿ ਪੜਦਾ ਢਾਕਿਆ ॥੪॥੮॥ {ਪੰਨਾ 1340}

ਪਦ ਅਰਥ:- ਤਾ ਕੀ—ਉਸ (ਗੁਰੂ) ਦੀ। ਕਲਾ—ਤਾਕਤ, ਆਤਮਕ ਉੱਚਤਾ। ਸਦ—ਸਦਾ। ਅਟਲਾ—ਅਟੱਲ, ਆਪਣੇ ਨਿਸ਼ਾਨੇ ਤੇ ਸਦਾ ਟਿਕਿਆ ਰਹਿਣ ਵਾਲਾ। ਜਿਸੁ ਮਨਿ—ਜਿਸ (ਮਨੁੱਖ) ਦੇ ਮਨ ਵਿਚ। ਤਾ ਕਾ—ਉਸ (ਮਨੁੱਖ) ਦਾ। ਨਸੈ—ਦੂਰ ਹੋ ਜਾਂਦਾ ਹੈ।1।

ਰੰਗਿ—ਪ੍ਰੇਮ-ਰੰਗ ਵਿਚ। ਰਾਤਾ—ਰੰਗਿਆ ਹੋਇਆ। ਗਾਵੈ—ਗਾਂਦਾ ਰਹਿੰਦਾ ਹੈ। ਮੁਕਤੌ—ਵਿਕਾਰਾਂ ਤੋਂ ਬਚਿਆ ਹੋਇਆ (ਅੱਖਰ 'ਤ' ਦੇ ਨਾਲ ਦੋ ਲਗਾਂ ਹਨ— ੌ ਅਤੇ ੁ। ਅਸਲ ਲਫ਼ਜ਼ 'ਮੁਕਤੁ' ਹੈ, ਇਥੇ 'ਮੁਕਤੌ' ਪੜ੍ਹਨਾ ਹੈ)। ਨਾਵੈ—ਇਸ਼ਨਾਨ ਕਰਦਾ ਹੈ।1। ਰਹਾਉ।

ਪਰਸਾਦੀ—ਪਰਸਾਦਿ, ਕਿਰਪਾ ਨਾਲ। ਭਰਮੁ—ਵਹਿਮ, ਭਟਕਣਾ। ਅੰਤਰਿ—ਅੰਦਰ। ਸਾਧ—ਸੰਤ ਜਨ। ਨਿਰਭੈ—ਸਾਰੇ ਡਰਾਂ ਤੋਂ ਰਹਿਤ।2।

ਅਨਦ—ਆਨੰਦ। ਸਹਜ—ਆਤਮਕ ਅਡੋਲਤਾ। ਘਨੇਰੇ—ਬਹੁਤ। ਨੇਰੇ—ਨੇੜੇ। ਗੁਰਿ ਪੂਰੈ—ਪੂਰੇ ਗੁਰੂ ਨੇ। ਕਰਿ—ਬਣਾ ਕੇ। ਰਾਖੇ—ਰੱਖ ਲਏ, ਰੱਖਿਆ ਕੀਤੀ। ਜਪਤ—ਜਪਦਿਆਂ। ਕਿਲਬਿਖ—ਪਾਪ। ਸਭਿ—ਸਾਰੇ।3।

ਸਿਖ—(ਸਾਰੇ) ਸਿੱਖ (ਬਹੁ-ਵਚਨ)। ਸੁਹੇਲੇ—ਸੁਖੀ। ਸਿਉ—ਨਾਲ। ਲੈ—ਫੜ ਕੇ। ਮੇਲੇ—ਮਿਲਾ ਦਿੱਤੇ। ਗੁਰਿ—ਗੁਰੂ ਨੇ। ਪੜਦਾ ਢਾਕਿਆ—ਲਾਜ ਰੱਖ ਲਈ।4।

ਅਰਥ:- ਹੇ ਭਾਈ! (ਜਿਸ ਮਨੁੱਖ ਦਾ) ਮਨ ਪਰਮਾਤਮਾ ਦੇ (ਪਿਆਰ-) ਰੰਗ ਵਿਚ ਰੰਗਿਆ ਰਹਿੰਦਾ ਹੈ (ਜਿਹੜਾ ਮਨੁੱਖ) ਪ੍ਰਭੂ ਦੇ ਗੁਣ ਗਾਂਦਾ ਰਹਿੰਦਾ ਹੈ, (ਜਿਹੜਾ ਮਨੁੱਖ) ਗੁਰੂ ਦੀ ਚਰਨ-ਧੂੜ ਵਿਚ ਇਸ਼ਨਾਨ ਕਰਦਾ ਰਹਿੰਦਾ ਹੈ, ਉਹ ਵਿਕਾਰਾਂ ਤੋਂ ਬਚਿਆ ਰਹਿੰਦਾ ਹੈ (ਉਹੀ ਹੈ 'ਮੁਕਤ')।1। ਰਹਾਉ।

ਹੇ ਭਾਈ! ਗੁਰੂ (ਸਾਰੇ ਗੁਣਾਂ ਨਾਲ) ਪੂਰਨ ਹੈ, ਗੁਰੂ ਦੀ (ਆਤਮਕ) ਸ਼ਕਤੀ ਹਰੇਕ ਸਮਰਥਾ ਵਾਲੀ ਹੈ, ਗੁਰੂ ਦਾ ਸ਼ਬਦ ਸਦਾ ਹੀ ਅਟੱਲ ਰਹਿੰਦਾ ਹੈ (ਕਦੇ ਉਕਾਈ ਵਾਲਾ ਨਹੀਂ)। ਜਿਸ (ਮਨੁੱਖ) ਦੇ ਮਨ ਵਿਚ ਸਤਿਗੁਰੂ ਦੀ ਬਾਣੀ ਟਿਕੀ ਰਹਿੰਦੀ ਹੈ, ਉਸ (ਮਨੁੱਖ) ਦਾ ਹਰੇਕ ਦਰਦ ਨਾਸ ਹੋ ਜਾਂਦਾ ਹੈ।1।

ਹੇ ਭਾਈ! ਜਿਨ੍ਹਾਂ ਦੇ ਮਨ ਵਿਚ ਤਨ ਵਿਚ ਗੁਰੂ ਦੇ ਚਰਨ ਟਿਕੇ ਰਹਿੰਦੇ ਹਨ, ਉਹਨਾਂ ਸੰਤ ਜਨਾਂ ਨੂੰ ਕੋਈ ਡਰ ਪੋਹ ਨਹੀਂ ਸਕਦਾ, ਉਹ ਸਦਾ ਪਰਮਾਤਮਾ ਦੀ ਸਰਨ ਪਏ ਰਹਿੰਦੇ ਹਨ, ਡਰ ਭਟਕਣਾ (ਆਦਿਕ ਸਾਰੇ) ਵਿਕਾਰ (ਉਹਨਾਂ ਦੇ ਅੰਦਰੋਂ) ਨਾਸ ਹੋ ਜਾਂਦੇ ਹਨ, ਗੁਰੂ ਦੀ ਕਿਰਪਾ ਨਾਲ ਉਹ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ।2।

ਹੇ ਭਾਈ! ਪੂਰੇ ਗੁਰੂ ਨੇ ਜਿਨ੍ਹਾਂ ਨੂੰ ਆਪਣੇ ਬਣਾ ਕੇ (ਉਹਨਾਂ ਦੀ) ਰੱਖਿਆ ਕੀਤੀ, ਪਰਮਾਤਮਾ ਦਾ ਨਾਮ ਜਪਦਿਆਂ

(ਉਹਨਾਂ ਦੇ) ਸਾਰੇ ਪਾਪ ਦੂਰ ਹੋ ਗਏ। ਕੋਈ ਵੈਰੀ ਦੁੱਖ ਉਹਨਾਂ ਦੇ ਨੇੜੇ ਨਹੀਂ ਢੁਕ ਸਕਦਾ (ਉਹਨਾਂ ਉਤੇ ਆਪਣਾ ਦਬਾਉ ਨਹੀਂ ਪਾ ਸਕਦਾ)। (ਉਹਨਾਂ ਦੇ ਅੰਦਰ) ਆਤਮਕ ਅਡਲੋਤਾ ਦੇ ਅਨੇਕਾਂ ਆਨੰਦ ਤੇ ਸੁਖ ਬਣੇ ਰਹਿੰਦੇ ਹਨ।3।

ਹੇ ਭਾਈ! ਜਿਨ੍ਹਾਂ ਸੰਤ-ਜਨਾਂ ਸੱਜਣਾਂ ਸਿੱਖਾਂ ਨੂੰ ਪੂਰੇ ਗੁਰੂ ਨੇ ਪਰਮਾਤਮਾ ਨਾਲ ਲਿਆ ਜੋੜਿਆ, ਉਹ ਸੁਖੀ ਜੀਵਨ ਵਾਲੇ ਹੋ ਗਏ। ਹੇ ਨਾਨਕ! ਆਖ—ਗੁਰੂ ਨੇ ਉਹਨਾਂ ਦੀ ਇੱਜ਼ਤ ਰੱਖ ਲਈ, ਉਹਨਾਂ ਦੇ ਜਨਮ ਮਰਨ ਦੇ ਗੇੜ ਦੇ ਦੁੱਖਾਂ ਦੀ ਫਾਹੀ (ਗੁਰੂ ਨੇ) ਕੱਟ ਦਿੱਤੀ ਹੈ।4।8।